# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 11-06-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਮਹਾਨ ਕਵੀ ਤੇ ਸਮਾਜ ਸੁਧਾਰਕ ਸੰਤ ਕਬੀਰ ਦਾਸ ਨੂੰ ਉਨ੍ਹਾਂ ਦੀ ਜਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ, ਉਨ੍ਹਾਂ ਦੇ ਦੋਹਿਆਂ ਵਿੱਚ ਸ਼ਬਦਾਂ ਦੀ ਸਾਦਗੀ ਤੇ ਭਾਵਨਾਵਾਂ ਦੀ ਡੂੰਘਾਈ ਏ , ਜਿਸ ਕਾਰਨ ਉਨ੍ਹਾਂ ਦਾ ਭਾਰਤੀ ਲੋਕਾਂ 'ਤੇ ਡੂੰਘਾ ਪ੍ਰਭਾਵ ਪਿਆ ਏ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਮਾਜ ਵਿੱਚ ਪ੍ਰਚਲਿਤ ਬੁਰਾਈਆਂ ਨੂੰ ਦੂਰ ਕਰਨ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ ਸ਼ਰਧਾ ਨਾਲ ਯਾਦ ਕੀਤਾ ਜਾਵੇਗਾ।

---

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਮੋਦੀ ਸਰਕਾਰ ਨੇ ਬੁਨਿਆਦੀ ਢਾਂਚਾ ਕ੍ਰਾਂਤੀ ਦੇ ਗਿਆਰਾਂ ਸਾਲਾਂ ਵਿਚ ਦੇਸ਼ ਨੂੰ ਇੱਕ ਤੋਂ ਬਾਅਦ ਇੱਕ ਇੰਜੀਨੀਅਰਿੰਗ ਚਮਤਕਾਰ ਪੇਸ਼ ਕਰਕੇ ਭਾਰਤ ਦਾ ਪੁਨਰ ਨਿਰਮਾਣ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਸ਼ਾਹ ਨੇ

ਕਿਹਾ ਕਿ ਨਵੇਂ ਬਣੇ ਅਤਿ-ਆਧੁਨਿਕ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਨੇ ਲੋਕਾਂ ਨੂੰ ਨੇੜੇ ਲਿਆ ਕੇ ਤੇ ਵਣਜ ਦੇ ਵਿਸ਼ਾਲ ਪ੍ਰਵਾਹ ਦੀ  ਗਤੀ ਨਾਲ ਸਮਰੱਥ ਬਣਾ ਕੇ ਦੇਸ਼ ਦੀ ਏਕਤਾ ਨੂੰ ਮਜ਼ਬੂਤ ਕੀਤਾ ਏ।

---------------------------------------------------------------------------

ਸ਼੍ਰੋਮਣੀ ਭਗਤ ਭਗਤ ਕਬੀਰ ਜੀ ਦਾ ਜਨਮ ਦਿਹਾੜਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ  ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸ਼ਰਧਾ ਪੂਰਵਕ ਮਨਾਇਆ ਗਿਆ, ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ  ਦੇ ਭੋਗ ਪਾਏ ਗਏ ਤੇ ਹਜੂਰੀ ਰਾਗੀ ਜਥਿਆਂ ਵੱਲੋਂ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਭਾਈ ਨਿਰਮਲ ਸਿੰਘ ਵੱਲੋਂ ਅਰਦਾਸ ਕੀਤੀ ਗਈ ਜਦਕਿ ਹੁਕਮਨਾਮਾ ਭਾਈ ਗੁਰਜੰਟ ਸਿੰਘ ਵੱਲੋਂ ਲਿਆ ਗਿਆ । ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਮੈਨੇਜਰ ਰਣਜੀਤ ਸਿੰਘ ਨੇ  ਭਗਤ ਕਬੀਰ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿਤੀ ਏ ।

---------------------------------------------------------------------------

ਪੰਜਾਬ ਸਰਕਾਰ ਨੇ ਕ੍ਰਿਸ਼ਚੀਅਨ ਮੈਡੀਕਲ ਕਾਲਜ (ਸੀਐਮਸੀ), ਲੁਧਿਆਣਾ ਨਾਲ ਇੱਕ ਸਮਝੌਤਾ ਪੱਤਰ (ਐਮਓਯੂ) 'ਤੇ

ਹਸਤਾਖਰ ਕੀਤੇ ਨੇ, ਜਿਸ ਨਾਲ ਸਰਕਾਰੀ ਖੇਤਰ ਵਿੱਚ ਪੰਜਾਬ ਦੀ ਪਹਿਲੀ ਬੋਨ ਮੈਰੋ ਟ੍ਰਾਂਸਪਲਾਂਟ (ਬੀ.ਐਮ.ਟੀ.) ਸਹੂਲਤ ਸਥਾਪਤ ਕੀਤੀ ਜਾ ਸਕੇਗੀ। ਇਸ ਦਾ ਉਦੇਸ਼ ਥੈਲੇਸੀਮੀਆ ਤੋਂ ਪੀੜਤ ਬੱਚਿਆਂ ਲਈ ਜੀਵਨ-ਰੱਖਿਅਕ ਪਹਿਲਕਦਮੀ ਸ਼ੁਰੂ ਕਰਨਾ ਏ।ਇਸ ਤਹਿਤ ਯੋਗ ਮਰੀਜ਼ਾਂ ਖਾਸ ਕਰਕੇ 12 ਸਾਲ ਤੋਂ ਘੱਟ ਉਮਰ ਦੇ ਬੱਚਿਆਂ - ਨੂੰ ਮੁਫ਼ਤ ਐਚਐਲਏ ਟਾਈਪਿੰਗ ਅਤੇ ਸਬਸਿਡੀ ਵਾਲਾ ਐਲੋਜੀਨਿਕ ਸਟੈਮ ਸੈੱਲ (ਬੋਨਮੈਰੋ) ਟ੍ਰਾਂਸਪਲਾਂਟੇਸ਼ਨ ਪ੍ਰਦਾਨ ਕੀਤਾ ਜਾਵੇਗਾ, ਜੋ ਕਿ ਵਰਤਮਾਨ ਵਿੱਚ ਥੈਲੇਸੀਮੀਆ ਦਾ ਇਕੋ ਇਕ ਇਲਾਜ ਏ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਇਤਿਹਾਸਕ ਕਦਮ ਏ। ਇਸ ਸਾਂਝੇਦਾਰੀ ਰਾਹੀਂ, ਅਸੀਂ ਸਿਰਫ਼ ਇਕ ਸਹੂਲਤ ਨਹੀਂ ਬਣਾ ਰਹੇ ਬਲਕਿ ਜਾਨਲੇਵਾ ਬਿਮਾਰੀਆਂ ਨਾਲ ਜੂਝ ਰਹੇ ਸੈਂਕੜੇ ਪਰਿਵਾਰਾਂ ਨੂੰ ਨਵੀਂ ਉਮੀਦ ਦੇ ਰਹੇ ਹਾਂ। -

---------------------------------------------------------------------------

ਪੰਜਾਬ ਪੁਲਿਸ ਦੇ ਕਮਿਊਨਿਟੀ ਅਫੇਅਰਜ਼ ਡਿਵੀਜ਼ਨ ਤੇ ਹਾਰਟੇਕ ਫਾਊਂਡੇਸ਼ਨ ਨੇ ਪੰਜਾਬ ਭਰ ਦੇ ਕਮਜ਼ੋਰ ਤੇ ਭਟਕਦੇ ਨੌਜਵਾਨਾਂ ਨੂੰ ਸ਼ਾਮਲ ਕਰਨ ਲਈ ਇਕ ਸਮਝੌਤਾ ਪੱਤਰ (ਐਮਓਯੂ) 'ਤੇ ਹਸਤਾਖਰ ਕੀਤੇ ਨੇ। ਇਸ ਸਮਝੌਤੇ 'ਤੇ ਸਪੈਸ਼ਲ ਡੀਜੀਪੀ ਗੁਰਪ੍ਰੀਤ ਕੌਰ ਦਿਓ ਤੇ ਸੀਈਓ ਹਾਰਟੇਕ ਫਾਊਂਡੇਸ਼ਨ ਹਰਕੀਰਤ ਕੌਰ ਨੇ ਹਸਤਾਖਰ ਕੀਤੇ।

ਇਸ ਬਾਰੇ ਸਪੈਸ਼ਲ ਡੀਜੀਪੀ ਗੁਰਪ੍ਰੀਤ ਕੌਰ ਦਿਓ ਨੇ ਕਿਹਾ ਕਿ ਹਾਰਟੇਕ ਫਾਊਂਡੇਸ਼ਨ ਇਸ ਸਹਿਯੋਗ ਰਾਹੀਂ ਪੁਲਿਸ ਅਧਿਕਾਰੀਆਂ ਅਤੇ ਯੁਵਾ ਸਾਂਝ ਕਮੇਟੀਆਂ ਲਈ ਨਿਯਮਤ ਸਿਖਲਾਈ ਅਤੇ ਸਮਰੱਥਾ ਨਿਰਮਾਣ ਪ੍ਰੋਗਰਾਮ ਚਲਾ ਕੇ ਕਮਿਊਨਿਟੀ ਅਫੇਅਰਜ਼ ਡਿਵੀਜ਼ਨ ਦਾ ਸਮਰਥਨ ਕਰੇਗੀ।

---------------------------------------------------------------------------

ਪੰਜਾਬ ਐੱਨ.ਸੀ.ਸੀ. ਬਟਾਲੀਅਨ ਦਾ 10-ਰੋਜ਼ਾ, ਦਿਨ-ਰਾਤ ਦਾ ਸੰਯੁਕਤ ਸਾਲਾਨਾ ਸਿਖਲਾਈ ਕੈਂਪ-34 ਡੀ.ਏ.ਵੀ. ਯੂਨੀਵਰਸਿਟੀ jalandhar ਵਿਖੇ ਸ਼ੁਰੂ ਹੋ ਗਿਆ ਏ । 45 ਵਿਦਿਅਕ ਸੰਸਥਾਵਾਂ ਦੇ 600 ਐੱਨ.ਸੀ.ਸੀ. ਕੈਡਿਟ ਇਸ ਵਿੱਚ ਹਿੱਸਾ ਲੈ ਰਹੇ ਨੇ। ਇਸ ਕੈਂਪ ਵਿੱਚ 200 ਲੜਕੀਆਂ ਕੈਡਿਟ ਵੀ ਫੌਜੀ ਸਿਖਲਾਈ ਲੈਣਗੀਆਂ। ਕੈਂਪ ਕਮਾਂਡਰ, ਕਰਨਲ ਵਿਨੋਦ ਜੋਸ਼ੀ ਨੇ ਕਿਹਾ ਕਿ ਬਟਾਲੀਅਨ ਟੀਮ ਕੈਡਿਟਸ ਦੇ ਸਰਵਪੱਖੀ ਵਿਕਾਸ ਲਈ 24 ਘੰਟੇ ਕੰਮ ਕਰੇਗੀ। ਕੈਡਿਟਾਂ ਦਾ ਰੋਜ਼ਾਨਾ ਰੁਟੀਨ ਸਵੇਰੇ 3 ਵਜੇ ਸ਼ੁਰੂ ਹੋਵੇਗਾ ਤੇ ਰਾਤ 10 ਵਜੇ ਤੱਕ ਜਾਰੀ ਰਹੇਗਾ। ਪੀ.ਟੀ., ਯੋਗਾ ਅਤੇ ਵੱਖ-ਵੱਖ ਕਸਰਤਾਂ ਸਵੇਰੇ 5 ਵਜੇ ਸਿਖਾਈਆਂ ਜਾਣਗੀਆਂ। ਨਾਸ਼ਤੇ ਤੋਂ ਬਾਅਦ ਫੁੱਟ ਡ੍ਰਿਲ ਤੇ ਹਥਿਆਰ ਡ੍ਰਿਲ ਕੀਤੀ ਜਾਵੇਗੀ। ਕਰਨਲ ਜੋਸ਼ੀ ਨੇ ਕਿਹਾ

ਕਿ ਕੈਂਪ ਦਾ ਉਦੇਸ਼ ਰਾਸ਼ਟਰ ਦੇ ਵਿਕਾਸ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਯੋਗਦਾਨ ਪਾਉਣਾ ਹੋਵੇਗਾ।

--------------------------------------------------------------------------------

ਬਿਜਲੀ ਖੇਤਰ ਵਿਚ ਇਤਿਹਾਸਕ ਪ੍ਰਾਪਤੀ ਕਰਦਿਆਂ ਸੂਬੇ ਨੇ 16,192 ਮੈਗਾਵਾਟ ਦੀ ਸਭ ਤੋਂ ਉੱਚੀ ਬਿਜਲੀ ਮੰਗ ਨੂੰ ਸਫਲਤਾਪੂਰਵਕ ਪੂਰਾ ਕੀਤਾ ਏ, ਜੋ ਕਿ ਪਿਛਲੇ ਸਾਲ ਦੇ 16,058 ਮੈਗਾਵਾਟ ਦੇ ਰਿਕਾਰਡ ਨੂੰ ਪਾਰ ਕਰ ਗਈ ਏ। ਬਿਜਲੀ ਮੰਤਰੀ ਹਰਭਜਨ ਸਿੰਘ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਵੱਖ-ਵੱਖ ਖੇਤਰਾਂ ਵਿਚ ਕੋਈ ਬਿਜਲੀ ਕੱਟ ਲਗਾਏ ਬਿਨਾਂ ਇਹ ਮੀਲ ਪੱਥਰ ਪ੍ਰਾਪਤ ਕੀਤਾ ਗਿਆ। ਬਿਜਲੀ ਮੰਤਰੀ ਨੇ ਕਿਹਾ ਕਿ PSPCL ਨੇ ਇਸ ਪ੍ਰਾਪਤੀ ਨੂੰ ਪ੍ਰਾਪਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ। ਰਾਜ ਦੇ ਅੰਦਰ ਤੇ ਬਾਹਰ ਬਿਜਲੀ ਉਤਪਾਦਨ ਸਰੋਤਾਂ ਦੇ ਪ੍ਰਭਾਵਸ਼ਾਲੀ ਏਕੀਕਰਨ, ਅੰਤਰਰਾਜੀ ਪਾਵਰ ਬੈਂਕਿੰਗ ਤੇ ਟ੍ਰਾਂਸਮਿਸ਼ਨ ਨੈੱਟਵਰਕ ਦੀ ਸਰਵੋਤਮ ਵਰਤੋਂ ਦੀ ਸ਼ਲਾਘਾ ਕਰਦਿਆਂ ਬਿਜਲੀ ਮੰਤਰੀ ਨੇ ਕਿਹਾ ਕਿ ਤਾਲਮੇਲ ਵਾਲੇ ਯਤਨਾਂ ਨੇ ਖੇਤੀਬਾੜੀ, ਰਿਹਾਇਸ਼ੀ, ਵਪਾਰਕ ਤੇ ਉਦਯੋਗਿਕ ਖੇਤਰਾਂ ਨੂੰ ਨਿਰਵਿਘਨ ਬਿਜਲੀ ਯਕੀਨੀ ਬਣਾਈ।

----------------------------------------------------------------------------------

ਇਕ ਸੂਚਨਾ 'ਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਐਸ ਏ ਐਸ ਨਗਰ ਪੁਲਿਸ ਨੇ ਜ਼ੀਰਕਪੁਰ ਦੇ ਇਕ ਹੋਟਲ ਵਿੱਚ ਚੱਲ ਰਹੇ ਜੂਏ ਦੇ ਰੈਕੇਟ ਦਾ ਪਰਦਾਫਾਸ਼ ਕੀਤਾ ਏ । ਇਸ ਛਾਪੇਮਾਰੀ ਦੌਰਾਨ ਹੋਟਲ ਸਟਾਫ ਸਮੇਤ 16 ਵਿਅਕਤੀਆਂ ਨੂੰ ਜੂਏ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਹੁੰਦੇ ਹੋਏ ਗ੍ਰਿਫ਼ਤਾਰ ਕੀਤਾ ਗਿਆ।ਪੁਲਿਸ ਟੀਮ ਨੇ ਮੌਕੇ ਤੋਂ ₹25.30 ਲੱਖ ਨਕਦ, 13 ਮੋਬਾਈਲ ਫੋਨ ਤੇ 6 ਕਾਰਾਂ ਬਰਾਮਦ ਕੀਤੀਆਂ। ਇਸ ਸਬੰਧੀ ਪੁਲਿਸ ਥਾਣਾ ਜ਼ੀਰਕਪੁਰ ਵਿਖੇ ਜੂਆ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਏ ।